Tape/CD: 1324

# ਪੰਨਾ ੧੧੪੬

ਭੈਰਉ ਮਹਲਾ ੫ ॥ ਸੰਤ ਮੰਡਲ ਮਹਿ ਹਰਿ ਮਨਿ ਵਸੈ ॥ ਸੰਤ ਮੰਡਲ ਮਹਿ ਦੁਰਤੁ ਸਭੁ ਨਸੈ ॥ ਸੰਤ ਮੰਡਲ ਮਹਿ ਨਿਰਮਲ ਰੀਤਿ ॥ ਸੰਤਸੰਗਿ ਹੋਇ ਏਕ ਪਰੀਤਿ ॥ ੧ ॥ ਸੰਤ ਮੰਡਲੁ ਤਹਾ ਕਾ ਨਾਉ ॥ ਪਾਰਬ੍ਰਹਮ ਕੇਵਲ ਗੁਣ ਗਾਉ ॥ ੧ ॥ ਰਹਾਉ ॥ ਸੰਤ ਮੰਡਲ ਮਹਿ ਜਨਮ ਮਰਣੁ ਰਹੈ ॥ ਸੰਤ ਮੰਡਲ ਮਹਿ ਜਮੁ ਕਿਛੂ ਨ ਕਹੈ ॥ ਸੰਤਸੰਗਿ ਹੋਇ ਨਿਰਮਲ ਬਾਣੀ ॥ ਸੰਤ ਮੰਡਲ ਮਹਿ ਨਾਮੁ ਵਖਾਣੀ ॥ ੨ ॥ ਸੰਤ ਮੰਡਲ ਕਾ ਨਿਹਚਲ ਆਸਨੁ ॥ ਸੰਤ ਮੰਡਲ ਮਹਿ ਪਾਪ ਬਿਨਾਸਨੁ ॥ ਸੰਤ ਮੰਡਲ ਮਹਿ ਨਿਰਮਲ ਕਥਾ ॥ ਸੰਤਸੰਗਿ ਹਉਮੈ ਦੁਖ ਨਸਾ ॥ ੩ ॥ ਸੰਤ ਮੰਡਲ ਕਾ ਨਹੀ ਬਿਨਾਸੁ ॥ ਸੰਤ ਮੰਡਲ ਮਹਿ ਹਰਿ ਗੁਣਤਾਸੁ ॥ ਸੰਤ ਮੰਡਲ ਠਾਕੁਰ ਬਿਸ੍ਰਾਮੁ ॥ ਨਾਨਕ ਓਤਿ ਪੋਤਿ ਭਗਵਾਨੁ ॥ ੪ ॥ ੨੪ ॥ ੩੭ ॥

Tape/CD: 1324

# ਪੰਨਾ ੮੨੦-੮੨੧

ਬਿਲਾਵਲੁ ਮਹਲਾ ੫ ॥ ਸੰਤਨ ਕੈ ਸੁਨੀਅਤ ਪ੍ਰਭ ਕੀ ਬਾਤ ॥
ਕਥਾ ਕੀਰਤਨੁ ਆਨੰਦ ਮੰਗਲ ਧੁਨਿ ਪੂਰਿ ਰਹੀ ਦਿਨਸੁ ਅਰੁ
ਰਾਤਿ ॥ ੧ ॥ ਰਹਾਉ ॥ ਕਰਿ ਕਿਰਪਾ ਅਪਨੇ ਪ੍ਰਭਿ ਕੀਨੇ ਨਾਮ
ਅਪੁਨੇ ਕੀ ਕੀਨੀ ਦਾਤਿ ॥ ਆਠ ਪਹਰ ਗੁਨ ਗਾਵਤ ਪ੍ਰਭ ਕੇ
ਕਾਮ ਕ੍ਰੋਧ ਇਸੁ ਤਨ ਤੇ ਜਾਤ ॥ ੧ ॥ ਤ੍ਰਿਪਤਿ ਅਘਾਏ ਪੇਖਿ
ਪ੍ਰਭ ਦਰਸਨੁ ਅੰਮ੍ਰਿਤ ਹਰਿ ਰਸੁ ਭੋਜਨੁ ਖਾਤ ॥ ਚਰਨ ਸਰਨ
ਨਾਨਕ ਪ੍ਰਭ ਤੇਰੀ ਕਰਿ ਕਿਰਪਾ ਸੰਤਸੰਗਿ ਮਿਲਾਤ
॥ ੨ ॥ ੪ ॥ ੮੪ ॥